# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-12-2024**

- ਭਾਰਤੀ ਪੁਲਾੜ ਖੋਜ ਸੰਗਠਨ ਅੱਜ ਰਾਤ ਸ੍ਰੀਹਰੀਕੋਟਾ ਤੋਂ, ਪੁਲਾੜ ਵਾਹਨ ਨੂੰ ਗ੍ਰਹਿਪੰਧ ਨਾਲ ਜੋੜਨ ਅਤੇ ਵੱਖ ਕਰਨ ਦੀ ਪ੍ਰਕਿਰਿਆ ਦਾ ਪ੍ਰਦਰਸ਼ਨ ਕਰਨ ਲਈ, ਦੋ ਉਪਗ੍ਰਹਿ ਦਾਗੇਗਾ।
- ਦੇਸ਼ ਦੇ ਨਿਰਮਾਣ ਖੇਤਰ ਵਿੱਚ ਇਸ ਸਾਲ ਹੋਇਆ ਮਹੱਤਵਪੂਰਨ ਵਾਧਾ, ਭਾਰਤ ਦੇ ਇੱਕ ਵਿਸ਼ਵ ਸ਼ਕਤੀ ਵਿੱਚ ਤਬਦੀਲ ਹੋਣ ਦਾ ਸੰਕੇਤ ਬਣਿਆ।
- ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ISI ਅਤੇ ਅੱਤਵਾਦੀ ਸਮੂਹਾਂ ਵੱਲੋਂ, ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਵਿਗਾੜਨ ਦੀ ਨਵੀਂ ਸਾਜ਼ਿਸ਼ ਨੂੰ ਕੀਤਾ ਨਾਕਾਮ।
- ਕਿਸਾਨਾਂ ਵਲੋਂ ਅੱਜ ਕਰਵਾਏ ਗਏ ਇਕ ਦਿਨ ਦੇ ਪੰਜਾਬ ਬੰਦ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ।

-------------------------------------------------------------------

ਭਾਰਤੀ ਪੁਲਾੜ ਖੋਜ ਸੰਗਠਨ - ਇਸਰੋ ਅੱਜ ਰਾਤ 9 ਵੱਜਕੇ 58 ਮਿੰਟ 'ਤੇ, ਸ਼੍ਰੀ ਹਰੀਕੋਟਾ ਤੋਂ ਦੋ ਉਪਗ੍ਰਹਿ ਦਾਗੇਗਾ। ਇਹ ਉਪਗ੍ਰਹਿ ਡਾਕਿੰਗ-ਅਨਡੌਕਿੰਗ ਯਾਨੀ ਪੁਲਾੜ ਵਾਹਨ ਨੂੰ ਗ੍ਰਹਿਪੰਧ ਵਿੱਚ ਜੋੜਨ ਅਤੇ ਵੱਖ ਕਰਨ ਦੀ ਪ੍ਰਕਿਰਿਆ ਨੂੰ ਦਰਸੌਂਗੇ। ਪੁਲਾੜ ਵਾਹਨ PSLV-C60 ਅਤੇ ਦੋ ਉਪਗ੍ਰਿਹਾਂ - SDX-01 ਅਤੇ SDX-02 ਨੂੰ 476 ਕਿਲੋਮੀਟਰ ਦੇ ਗ੍ਰਹਿਪੰਧ ਵਿੱਚ ਰੱਖੇਗਾ ਅਤੇ ਪ੍ਰਯੋਗਾਤਮਕ ਸਪੇਸ ਡੌਕਿੰਗ ਪ੍ਰਕਿਰਿਆ ਨੂੰ ਪੂਰਾ ਕਰੇਗਾ। ਇਸ ਸਪੇਸ ਡੌਕਿੰਗ ਪ੍ਰਕਿਰਿਆ ਨੂੰ ਪੂਰਾ ਕਰਨ ਨਾਲ ਭਾਰਤ, ਇਹ ਉਪਲਬਧੀ ਹਾਸਲ ਕਰਨ ਵਾਲਾ, ਦੁਨੀਆ  ਦਾ ਚੌਥਾ ਦੇਸ਼ ਬਣ ਜਾਵੇਗਾ। ਸਪੇਡੇਕ੍ਸ ਮਿਸ਼ਨ ਦੇ ਪੁਲਾੜ ਖੋਜ ਵਿੱਚ ਭਾਰਤ ਦੇ ਭਵਿੱਖ ਦੇ ਉਪਰਾਲਿਆਂ ਲਈ ਇੱਕ ਬੁਨਿਆਦ ਹੋਣ ਦੀ ਉਮੀਦ ਏ, ਜਿਸ ਵਿੱਚ ਧਰਤੀ ਉੱਤੇ ਚੰਦਰਮਾ ਤੋਂ ਚੱਟਾਨਾਂ ਅਤੇ ਮਿੱਟੀ ਪ੍ਰਾਪਤ ਕਰਨਾ, ਤਜਵੀਜ਼ਸ਼ੁਦਾ ਭਾਰਤੀਯ ਅੰਤਰਿਕਸ਼ ਸਟੇਸ਼ਨ ਅਤੇ ਚੰਦਰਮਾ ਦੀ ਸਤ੍ਹਾ 'ਤੇ ਇੱਕ ਪੁਲਾੜ ਯਾਤਰੀ ਨੂੰ ਉਤਾਰਨਾ ਸ਼ਾਮਲ ਏ। ਸਿਰਫ਼ ਅਮਰੀਕਾ,

ਰੂਸ ਅਤੇ ਚੀਨ ਨੇ ਹੀ ਸਪੇਸ ਡੌਕਿੰਗ ਤਕਨਾਲੋਜੀ ਵਿੱਚ ਮੁਹਾਰਤ ਹਾਸਲ ਕੀਤੀ ਏ।

--------------------------------------------------------

ਇਸ ਸਾਲ ਦੇਸ਼ ਦੇ ਨਿਰਮਾਣ ਖੇਤਰ ਵਿੱਚ ਮਹੱਤਵਪੂਰਨ ਵਾਧਾ ਹੋਇਆ ਏ, ਜੋ ਭਾਰਤ ਦੇ ਇੱਕ ਵਿਸ਼ਵ ਸ਼ਕਤੀ ਵਿੱਚ ਤਬਦੀਲ ਹੋਣ ਦਾ ਸੰਕੇਤ ਏ। ਨਰੇਂਦਰ ਮੋਦੀ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੇ ਖੇਤਰਾਂ ਵਿੱਚ ਕਈ ਲੰਮੇ ਸਮੇਂ ਦੀਆਂ ਨੀਤੀਆਂ ਲਾਗੂ ਕੀਤੀਆਂ ਨੇ। ਇਨ੍ਹਾਂ ਨੀਤੀਆਂ ਨੇ ਭਾਰਤ ਨੂੰ ਇੱਕ ਉਭਰਦੀ ਵਿਸ਼ਵ ਸ਼ਕਤੀ ਬਣਾਉਣ ਵਿੱਚ ਯੋਗਦਾਨ ਪਾਇਆ ਏ। ਇਸ ਸਮੇਂ ਦੌਰਾਨ ਭਾਰਤ ਨੇ ਆਪਣੇ ਆਪ ਨੂੰ ਇੱਕ ਆਲਮੀ ਨਿਰਮਾਣ ਕੇਂਦਰ ਵਜੋਂ ਸਥਾਪਿਤ ਕੀਤਾ ਏ।

--------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ISI ਅਤੇ ਅੱਤਵਾਦੀ ਸਮੂਹਾਂ ਵੱਲੋਂ, ਸੂਬੇ ਵਿੱਚ ਅਮਨ-ਕਾਨੂੰਨ ਨੂੰ ਵਿਗਾੜਨ ਦੀ ਨਵੀਂ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਏ। ਬੱਬਰ ਖਾਲਸਾ ਇੰਟਰਨੈਸ਼ਨਲ ਅਤੇ ਖਾਲਿਸਤਾਨ

ਜ਼ਿੰਦਾਬਾਦ ਫੋਰਸ ਨਾਲ ਸਬੰਧਤ, ਸਾਰੇ 14 ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾਲ, ਜਿਨ੍ਹਾਂ ਵਿੱਚ ਕੱਲ੍ਹ ਗ੍ਰਿਫ਼ਤਾਰ ਕੀਤੇ ਗਏ ਪੰਜ ਮੁਲਜ਼ਮ ਵੀ ਸ਼ਾਮਲ ਨੇ, 23 ਨਵੰਬਰ ਤੋਂ 20 ਦਸੰਬਰ ਤੱਕ, ਸੂਬੇ ਵਿੱਚ ਪੁਲੀਸ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਅੱਠ ਬੰਬ ਧਮਾਕਿਆਂ ਦੀਆਂ ਘਟਨਾਵਾਂ ਨੂੰ ਹੱਲ ਕੀਤਾ ਗਿਆ ਏ।

**ਵੇਰਵੇ ਨਾਲ ਇਕ ਰਿਪੋਰਟ:**

---------------------------------------------------------------

ਪੰਜਾਬ ਵਿੱਚ ਅੱਜ ਦਿਨ ਭਰ ਦਾ ਬੰਦ ਭਾਵੇਂ ਸ਼ਾਂਤੀਪੂਰਵਕ ਚੱਲਿਆ ਪਰ ਰੇਲ ਅਤੇ ਸੜਕੀ ਆਵਾਜਾਈ ਠੱਪ ਰਹੀ, ਜਿਸ ਕਾਰਨ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਕਈ ਮੁਸਾਫ਼ਰ , ਬਜ਼ੁਰਗਾਂ ਅਤੇ ਬੱਚਿਆਂ ਸਮੇਤ ਆਪਣੇ ਪਰਿਵਾਰਾਂ ਨਾਲ ਘੰਟਿਆਂ ਤੱਕ ਫਸੇ ਰਹੇ। ਹਾਲਾਂਕਿ, ਐਂਬੂਲੈਂਸਾਂ ਸਮੇਤ ਐਮਰਜੈਂਸੀ ਸੇਵਾਵਾਂ ਨੂੰ ਜਾਣ ਦੀ ਇਜਾਜ਼ਤ ਦਿੱਤੀ ਗਈ ਸੀ। ਕਿਸਾਨਾਂ ਨੇ ਕਈ ਸੜਕਾਂ 'ਤੇ ਧਰਨੇ ਦਿੱਤੇ ਅਤੇ ਸ਼ਾਮ 4 ਵਜੇ ਤੱਕ ਸੂਬੇ ਭਰ ਦੀਆਂ ਰੇਲਵੇ ਲਾਈਨਾਂ 'ਤੇ ਧਰਨਾ ਦਿੱਤਾ, ਜਿਸ ਕਾਰਨ ਰੇਲਵੇ ਨੇ ਇਹਤਿਆਤ ਵਜੋਂ ਸੈਂਕੜੇ ਰੇਲ ਗੱਡੀਆਂ ਨੂੰ ਰੱਦ ਕਰ

ਦਿੱਤਾ । ਇੱਥੋਂ ਤੱਕ ਕਿ ਗੁਰਦਾਸਪੁਰ ਵਿੱਚ ਸੀਮਾ ਸੁਰੱਖਿਆ ਬਲ ਦੇ ਕਾਫ਼ਲੇ ਨੂੰ ਵੀ ਰੋਕ ਲਿਆ ਗਿਆ, ਜਿਸ ਨੂੰ ਬਾਅਦ ਵਿੱਚ ਸਥਾਨਕ ਪੁਲੀਸ ਦੇ ਦਖਲ ਤੋਂ ਬਾਅਦ ਜਾਣ ਦਿੱਤਾ ਗਿਆ । ਹੁਣ ਆਵਾਜਾਈ ਬਹਾਲ ਕਰ ਦਿੱਤੀ ਗਈ ਏ। ਜ਼ਿਕਰਯੋਗ ਏ ਕਿ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਅਤੇ ਕੁਝ ਹੋਰ ਮੰਗਾਂ ਨੂੰ ਪੂਰਾ ਕਰਵਾਉਣ ਲਈ, ਕਿਸਾਨ ਜਥੇਬੰਦੀਆਂ ਵੱਲੋਂ ਬੰਦ ਦਾ ਸੱਦਾ ਦਿੱਤਾ ਗਿਆ ਸੀ।

---------------------------------------------------------

ਸ਼੍ਰੀ ਮੁਕਤਸਰ ਸਾਹਿਬ ਵਿਖੇ ਚਾਲੀ ਮੁਕਤਿਆਂ ਦੀ ਯਾਦ ਵਿੱਚ ਲੱਗਣ ਵਾਲੇ ਪਵਿੱਤਰ ਅਤੇ ਇਤਿਹਾਸਕ ਮਾਘੀ ਮੇਲੇ ਦੇ ਅਗਾਊਂ ਪ੍ਰਬੰਧਾਂ ਸਬੰਧੀ ਜਾਇਜ਼ਾ ਮੀਟਿੰਗ ਕੀਤੀ ਗਈ । ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਕਿਹਾ ਕਿ ਇਸ ਮੇਲੇ ਨੂੰ ਸਫਲ ਬਨਾਉਣ ਲਈ ਜ਼ਿਲਾ ਪ੍ਰਸ਼ਾਸ਼ਨ ਵੱਲੋਂ ਹਰ ਸੰਭਵ ਯਤਨ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਮੇਲੇ ਦੌਰਾਨ ਬਣਾਏ ਜਾਣ ਵਾਲੇ ਆਰਜੀ ਬੱਸ ਅੱਡਿਆ ਤੋਂ ਸ਼ਰਧਾਲੂਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੁਫਤ ਆਵਾਜਾਈ ਦਾ ਪ੍ਰਬੰਧ ਕੀਤਾ ਜਾਵੇਗਾ। ਮਾਘੀ ਮੇਲੇ ਦੌਰਾਨ ਲੋੱਕਾਂ

ਦੀ ਜਾਨ ਅਤੇ ਮਾਲ ਦੀ ਹਿਫਾਜਤ ਲਈ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣਗੇ ਤਾਂ ਜੋ ਅਣਸੁਖਾਵੀਂ ਘਟਨਾਵਾਂ ਨੂੰ ਵਾਪਰਣ ਤੋਂ ਰੋਕਿਆ ਜਾ ਸਕੇ। ਮੇਲੇ ਦੌਰਾਨ ਸ਼ਹਿਰ ਨੂੰ ਸੱਤ ਸੈਕਟਰਾਂ ਵਿੱਚ ਵੰਡਿਆ ਜਾਵੇਗਾ ਅਤੇ ਹਰ ਸੈਕਟਰ ਵਿੱਚ ਨੋਡਲ ਅਫਸਰ ਲਗਾਇਆ ਜਾਵੇ । ਉਨ੍ਹਾਂ ਨਗਰ ਕੌਂਸਲ ਨੂੰ ਹਦਾਇਤ ਕੀਤੀ ਕਿ ਮਾਘੀ ਮੇਲੇ ਦੌਰਾਨ ਸ੍ਰੀ ਦਰਬਾਰ ਸਾਹਿਬ ਨੂੰ ਲੱਗਦੇ ਸਾਰੇ ਗੇਟਾਂ ਅਤੇ ਸ਼ਹਿਰ ਦੀ ਸਮੁੱਚੀ ਸਫਾਈ ਤੇ ਨਜਾਇਜ਼ ਕਬਜ਼ੇ ਹਟਵਾਏ ਜਾਣ। ਉਹਨਾਂ ਲੰਗਰ ਲਗਾਉਣ ਵਾਲੇ ਸਰਧਾਲੂਆਂ ਨੂੰ ਵੀ ਅਪੀਲ ਕੀਤੀ ਕਿ ਮੇਲੇ ਦੌਰਾਨ ਪਲਾਸਟਿਕ ਰਹਿਤ ਲੰਗਰ ਵਰਤਾਇਆ ਜਾਵੇ ਅਤੇ ਸਾਫ ਸਫਾਈ ਦਾ ਉਚੇਚਾ ਧਿਆਨ ਰੱਖਿਆ ਜਾਵੇ। ਉਨ੍ਹਾਂ ਜਨ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਮੇਲੇ ਦੌਰਾਨ ਸੀਵਰੇਜ ਦੀ ਸਮੱਸਿਆ ਅਤੇ ਆਰਜੀ ਪਖਾਨਿਆਂ ਦੇ ਪ੍ਰਬੰਧ ਨੂੰ ਯਕੀਨੀ ਬਣਾਇਆ ਜਾਵੇ ।

---------------------------------------------------------

15ਵੇਂ ਰਾਸ਼ਟਰੀ ਵੋਟਰ ਦਿਵਸ ਨੂੰ ਮਨਾਉਣ ਅਤੇ ਵੋਟਰਾਂ ਵਿਚ ਨਵੀਂ ਉਮੰਗ ਅਤੇ ਲੋਕਰਾਜੀ ਰਿਵਾਇਤਾਂ ਦੀ ਮਜਬੂਤੀ ਲਈ ਪੰਜਾਬ ਦੇ ਮੁੱਖ

ਚੋਣ ਅਫਸਰ ਦੀ ਯੋਗ ਨਿਰਦੇਸ਼ਨਾ ਅਤੇ ਮੁਹਾਲੀ ਦੀ ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਦੀ ਅਗਵਾਈ ਵਿਚ, ਅਗਲੇ 19 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਆਨਲਾਈਨ ਕੁਇਜ ਮੁਕਾਬਲੇ ਕਰਵਾਏ ਜਾਣਗੇ । ਇਸਦੇ ਜੇਤੂਆਂ ਵੱਲੋਂ 24 ਜਨਵਰੀ ਨੂੰ ਲੁਧਿਆਣਾ ਵਿਖੇ ਹੋਣ ਵਾਲੇ ਸੂਬਾ ਪੱਧਰੀ ਮੁਕਾਬਲੇ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਕੁਇਜ ਮੁਕਾਬਲੇ ਦਾ ਮਕਸਦ ਵੋਟਰਾਂ ਵਿਚ ਲੋਕਰਾਜੀ ਰਿਵਾਇਤਾਂ ਨੂੰ ਮਜਬੂਤ ਕਰਨਾ, ਨੌਜਵਾਨਾਂ ਦੀ ਚੋਣ ਪ੍ਰਕਿਰਿਆ ਵਿਚ ਭਾਗੀਦਾਰੀ ਨੂੰ ਵਧਾਉਣਾ ਅਤੇ ਹਰ ਵਰਗ ਨੂੰ ਚੋਣ ਅਮਲ ਬਾਰੇ ਜਾਗਰੂਕ ਕਰਨਾ ਏ। ਜ਼ਿਲ੍ਹਾ ਨੋਡਲ ਅਫਸਰ ਪ੍ਰੋ: ਗੁਰਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਕਿ ਇਸ ਸਬੰਧੀ ਵੋਟਰ 18 ਦਸੰਬਰ ਤੋਂ 17 ਜਨਵਰੀ ਤੱਕ ਆਨਲਾਈਨ ਰਜਿਸਟ੍ਰੇਸ਼ਨ ਲਈ ਮੁੱਖ ਚੋਣ ਅਫਸਰ ਪੰਜਾਬ ਦੇ ਲਿੰਕ punjab.india stat quiz.com ਉਪਰ ਰਜਿਸਟਰ ਕਰ ਸਕਦੇ ਨੇ। ਸੂਬਾ ਪੱਧਰੀ ਕੁਇਜ ਮੁਕਾਬਲੇ ਦੇ ਜੇਤੂਆਂ ਨੂੰ ਮੁੱਖ ਚੋਣ ਅਫਸਰ ਵੱਲੋਂ, ਪਹਿਲੇ ਤਿੰਨ ਸਥਾਨਾਂ ਉੱਤੇ ਰਹਿਣ ਵਾਲੇ ਪ੍ਰਤੀਯੋਗੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਸਬੰਧੀ ਜ਼ਿਲ੍ਹੇ ਦੇ

ਸਮੂਹ ਵਿਦਿਅਕ ਅਦਾਰਿਆਂ, ਯੁਵਕ ਕਲੱਬਾਂ ਅਤੇ ਐਨ.ਜੀ.ਓ ਦੇ ਸਹਿਯੋਗ ਨਾਲ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ ।

-----------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅੱਜ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਪੰਜਾਬ ਸਰਕਾਰ ਦੇ ਚੱਲ ਰਹੇ ਪ੍ਰੋਗਰਾਮਾਂ, ਯੋਜਨਾਵਾਂ ਅਤੇ ਪ੍ਰੋਜੈਕਟਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਸਮੀਖਿਆ ਕਰਨ ਲਈ, ਆਪਣੇ ਫੀਲਡ ਦੌਰੇ ਵਧਾਉਣ ਦੇ ਨਿਰਦੇਸ਼ ਦਿੱਤੇ । ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਨਿਵਾਸੀਆਂ ਨੂੰ ਉਨ੍ਹਾਂ ਦੇ ਰੋਜ਼ਾਨਾ ਦੇ ਕੰਮਾਂ ਵਿੱਚ ਸਹੂਲਤ ਪ੍ਰਦਾਨ ਕਰਨ ਅਤੇ ਚੰਗੇ ਸ਼ਾਸਨ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਜ਼ਿਕਰ ਕੀਤਾ ਕਿ ਇਨ੍ਹਾਂ ਦੌਰਿਆਂ ਨਾਲ, ਨਾ ਸਿਰਫ਼ ਲੋਕਾਂ ਨੂੰ ਲਾਭ ਹੋਵੇਗਾ ਬਲਕਿ ਅਧਿਕਾਰੀਆਂ ਨੂੰ ਖੇਤਰ ਵਿੱਚ ਆਪਣੇ ਤਹਿਤ ਮੁਲਾਜ਼ਮਾਂ ਦੀ ਕਾਰਗੁਜ਼ਾਰੀ ਦੀ ਨਿਗਰਾਨੀ ਕਰਨ ਦੀ ਆਗਿਆ ਵੀ ਮਿਲੇਗੀ। ਸ੍ਰੀ ਜੋਰਵਾਲ ਨੇ ਕਿਹਾ ਕਿ ਇਨ੍ਹਾਂ ਦੌਰਿਆਂ ਨੂੰ ਨੁਕਸ ਲੱਭਣ ਦੀ ਬਜਾਏ, ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਸਹਾਇਕ ਨਿਗਰਾਨੀ ਪ੍ਰਦਾਨ

ਕਰਨ 'ਤੇ ਕੇਂਦ੍ਰਿਤ ਹੋਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਇਹ ਫੀਲਡ ਦੌਰੇ ਅਧਿਕਾਰੀਆਂ ਦੀਆਂ ਆਪਣੀਆਂ ਡਿਊਟੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ, ਵਿਭਾਗੀ ਕੰਮਕਾਜ ਵਿੱਚ ਸੁਧਾਰ ਕਰਨ ਅਤੇ ਜ਼ਮੀਨੀ ਹਕੀਕਤਾਂ ਦੀ ਬਿਹਤਰ ਸਮਝ ਨੂੰ ਵਧਾਉਣ ਲਈ ਯੋਗਤਾਵਾਂ ਨੂੰ ਵਧਾਉਣਗੇ। ਉਨ੍ਹਾਂ ਅਧਿਕਾਰੀਆਂ ਨੂੰ ਆਪਣੇ ਅਧੀਨ ਕਰਮਚਾਰੀਆਂ ਦੇ ਕੰਮ ਦਾ ਮੁਲਾਂਕਣ ਕਰਨ ਲਈ ਨਿਰੀਖਣ ਕਰਨ ਲਈ ਉਤਸ਼ਾਹਿਤ ਵੀ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਿਯਮਤ, ਪਹਿਲਾਂ ਤੋਂ ਐਲਾਨੇ ਗਏ ਦੌਰੇ ਮੁੱਖ ਤੌਰ 'ਤੇ ਵਿਭਾਗਾਂ ਅਤੇ ਉਨ੍ਹਾਂ ਦੇ ਸਟਾਫ ਨੂੰ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਨ ਲਈ ਹੋਣੇ ਚਾਹੀਦੇ ਨੇ ।

---------------------------------------------------------------

ਜ਼ਿਲ੍ਹਾ ਫਰੀਦਕੋਟ ਵਿੱਚ ਬੱਚਿਆਂ ਨੂੰ ਪੰਜ ਬਿਮਾਰੀਆਂ ਤੋਂ ਬਚਾਉਣ ਲਈ ਇੱਕ ਵਿਸ਼ੇਸ਼ ਟੀਕਾਕਰਨ ਮੁਹਿੰਮ 31 ਦਸੰਬਰ ਤੱਕ ਚਲਾਈ ਜਾ ਰਹੀ ਏ । ਇਸ ਮੁਹਿੰਮ ਤਹਿਤ ਪੈਂਟਾਵੈਲੈਂਟ ਤੋਂ ਵਾਂਝੇ ਰਹਿ ਗਏ ਬੱਚਿਆਂ ਨੂੰ ਕਵਰ ਕਰਨ ਲਈ ਪੇਡੂ ਅਤੇ ਸ਼ਹਿਰੀ ਇਲਾਕਿਆ ਵਿੱਚ ਵਿਸ਼ੇਸ਼ ਟੀਕਾਕਰਨ ਕੈਂਪ ਲਾਏ ਜਾ ਰਹੇ ਨੇ । ਇਸ ਮੁਹਿੰਮ ਤਹਿਤ ਹੁਣ ਤੱਕ

1303 ਬੱਚਿਆਂ ਨੂੰ ਕਵਰ ਕੀਤਾ ਜਾ ਚੁੱਕਾ ਏ । ਇਸ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ.ਸਰਵਦੀਪ ਰੋਮਾਣਾ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਪੈਂਟਾਵੈਲੈਂਟ ਦੇ ਨਾਲ-ਨਾਲ ਸਾਰੀ ਮੁਕੰਮਲ ਵੈਕਸੀਨੇਸ਼ਨ ਕੀਤੀ ਜਾ ਰਹੀ ਏ  ਅਤੇ ਕਿਸੇ ਵੀ ਬੱਚੇ ਨੂੰ ਟੀਕਾਕਰਨ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਅਤੇ ਪ੍ਰਵਾਸੀ ਮਜ਼ਦੂਰਾਂ ਦੇ ਬੱਚਿਆਂ ਨੂੰ ਇਸ ਮੁਹਿੰਮ ਦੇ ਦਾਇਰੇ ਵਿਚ ਲਿਆਂਦਾ ਜਾ ਰਿਹਾ ਏ  ਤਾਂ ਕਿ ਬੱਚਿਆਂ ਨੂੰ ਖਤਰਨਾਕ ਬਿਮਾਰੀਆਂ ਤੋਂ ਬਚਾਇਆ ਜਾ ਸਕੇ।

---------------------------------------------------------------

ਪਹਾੜਾਂ 'ਤੇ ਹੋਈ ਬਰਫਬਾਰੀ ਨੇ, ਉੱਤਰੀ ਭਾਰਤ ਦੇ ਮੈਦਾਨੀ ਇਲਾਕਿਆਂ 'ਚ ਠੰਡ ਵਧਾ ਦਿੱਤੀ ਏ । ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿੱਚ, ਘੱਟੋ-ਘੱਟ ਤਾਪਮਾਨ ਵਿੱਚ ਗਿਰਾਵਟ ਦੀ ਭਵਿੱਖਬਾਣੀ ਕੀਤੀ ਏ । ਵਿਭਾਗ ਨੇ ਕਿਹਾ ਏ  ਕਿ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਖੇਤਰਾਂ ਵਿੱਚ ਸੀਤ ਲਹਿਰ ਦੀ ਸਥਿਤੀ

ਬਣੀ ਰਹੇਗੀ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ ਕਿ।

**BYTE**

----------------------------------------------------------

ਕ੍ਰਿਕਟ 'ਚ, ਮੈਲਬੋਰਨ ਵਿੱਚ ਬਾਰਡਰ ਗਾਵਸਕਰ ਟਰਾਫੀ ਦੇ ਚੌਥੇ ਟੈਸਟ ਮੈਚ ਦੇ 5ਵੇਂ ਅਤੇ ਆਖਰੀ ਦਿਨ ਆਸਟਰੇਲੀਆ ਨੇ, ਭਾਰਤ ਨੂੰ 184 ਦੌੜਾਂ ਨਾਲ ਹਰਾ ਦਿੱਤਾ। ਇਸ ਹਾਰ ਦੇ ਬਾਵਜੂਦ ਭਾਰਤ ਦੀਆਂ ਵਿਸ਼ਵ ਟੈਸਟ ਚੈਂਪੀਅਨਸ਼ਿਪ ਵਿੱਚ ਪਹੁੰਚਣ ਦੀਆਂ ਉਮੀਦਾਂ ਬਰਕਰਾਰ ਨੇ। 340 ਦੌੜਾਂ ਦੇ ਟੀਚੇ ਦੇ ਜਵਾਬ 'ਚ ਭਾਰਤੀ ਟੀਮ ਆਪਣੀ ਦੂਜੀ ਪਾਰੀ 'ਚ 155 ਦੌੜਾਂ 'ਤੇ ਸਿਮਟ ਗਈ। ਭਾਰਤ ਵੱਲੋਂ ਇਕਲੌਤੇ ਖਿਡਾਰੀ ਯਸ਼ਸਵੀ ਜੈਸਵਾਲ ਨੇ ਵਿਵਾਦਤ ਆਊਟ ਕਰਾਰ ਐਲਾਨੇ ਜਾਣ ਤੋਂ ਪਹਿਲਾਂ ਸਭ ਤੋਂ ਵੱਧ 84 ਦੌੜਾਂ ਬਣਾਈਆਂ। ਪੈਟ ਕਮਿੰਸ ਨੂੰ ਸ਼ਾਨਦਾਰ ਬੱਲੇਬਾਜ਼ੀ ਅਤੇ ਗੇਂਦਬਾਜ਼ੀ ਲਈ ਪਲੇਅਰ ਆਫ ਦਾ ਮੈਚ ਐਲਾਨਿਆ ਗਿਆ। ਉਨ੍ਹਾਂ ਪਹਿਲੀ ਪਾਰੀ ਵਿੱਚ 49 ਦੌੜਾਂ ਬਣਾਈਆਂ ਅਤੇ ਤਿੰਨ ਵਿਕਟਾਂ ਲਈਆਂ। ਇਸ ਤੋਂ ਪਹਿਲਾਂ ਅੱਜ ਸਵੇਰੇ

ਆਸਟਰੇਲੀਆ ਦੀ ਟੀਮ, ਦੂਜੀ ਪਾਰੀ ਵਿੱਚ 9 ਵਿਕਟਾਂ ’ਤੇ 234 ਦੌੜਾਂ ਬਣਾ ਕੇ ਆਊਟ ਹੋ ਗਈ ਸੀ। ਪੰਜ ਮੈਚਾਂ ਦੀ ਲੜੀ 'ਚ ਆਸਟ੍ਰੇਲੀਆ ਹੁਣ 2-1 ਨਾਲ ਅੱਗੇ ਏ।

---------------------------------------------------------

- ਭਾਰਤੀ ਪੁਲਾੜ ਖੋਜ ਸੰਗਠਨ ਅੱਜ ਰਾਤ ਸ੍ਰੀਹਰੀਕੋਟਾ ਤੋਂ, ਪੁਲਾੜ ਵਾਹਨ ਨੂੰ ਗ੍ਰਹਿਪੰਧ ਨਾਲ ਜੋੜਨ ਅਤੇ ਵੱਖ ਕਰਨ ਦੀ ਪ੍ਰਕਿਰਿਆ ਦਾ ਪ੍ਰਦਰਸ਼ਨ ਕਰਨ ਲਈ, ਦੋ ਉਪਗ੍ਰਹਿ ਦਾਗੇਗਾ।
- ਦੇਸ਼ ਦੇ ਨਿਰਮਾਣ ਖੇਤਰ ਵਿੱਚ ਇਸ ਸਾਲ ਹੋਇਆ ਮਹੱਤਵਪੂਰਨ ਵਾਧਾ, ਭਾਰਤ ਦੇ ਇੱਕ ਵਿਸ਼ਵ ਸ਼ਕਤੀ ਵਿੱਚ ਤਬਦੀਲ ਹੋਣ ਦਾ ਸੰਕੇਤ ਬਣਿਆ।
- ਪੰਜਾਬ ਪੁਲਿਸ ਨੇ ਪਾਕਿਸਤਾਨ ਦੀ ISI ਅਤੇ ਅੱਤਵਾਦੀ ਸਮੂਹਾਂ ਵੱਲੋਂ, ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਵਿਗਾੜਨ ਦੀ ਨਵੀਂ ਸਾਜ਼ਿਸ਼ ਨੂੰ ਕੀਤਾ ਨਾਕਾਮ।
- ਕਿਸਾਨਾਂ ਵਲੋਂ ਅੱਜ ਕਰਵਾਏ ਗਏ ਇਕ ਦਿਨ ਦੇ ਪੰਜਾਬ ਬੰਦ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ।